**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜ ਕ੍ਰਿਪਾਲ ਸਿੰਘ, (98152-43951, 887726-22551)
ਪਿੰਡ ਮੋਹਲਾਂ, ਡਾਕਖਾਨਾ ਅਲਾਮਵਾਲਾ,
ਤਹਿਸੀਲ ਮਲੋਟ, ਜਿਲਾ ਸ੍ਰੀ ਮੁਕਤਸਰ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜ) ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਉਚੇਰੀ ਸਿੱਖਆ,ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 2467/2019**

**ਹਾਜ਼ਰ:-**

1) ਸ਼੍ਰੀ ਰਾਜ ਕ੍ਰਿਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-11-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜ) ਪੰਜਾਬ, ਮੁਹਾਲੀ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਸਹਾਇਤਾ ਪ੍ਰਾਪਤ ਕਾਲਿਜਾਂ ਵਿੱਚ ਅਸਿਸਟੈਂਟ ਪ੍ਰੋਫੈਸਰਾਂ ਦੀਆਂ ਆਸਾਮੀਆਂ ਲਈ ਆਮ ਸ਼੍ਰੇਣੀ ਦੇ ਉਮੀਦਵਾਰਾਂ ਦੇ ਅਪਲਾਈ ਕਰਨ/ਨਿਯੁਕਤੀ ਲਈ ਵੱਧ ਤੋਂ ਵੱਧ ਉਮਰ ਦੀ ਸੀਮਾ ਅਤੇ ਐਸ.ਸੀ. ਅਤੇ ਓ.ਬੀ.ਸੀ. ਉਮੀਦਵਾਰਾਂ ਲਈ ਉਮਰ ਵਿੱਚ ਛੋਟ ਦੀਂ ਸੀਮਾ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ, ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਣਜੀਤ ਸਿੰਘ, ਐਡਵੋਕਟ, (99147-20500)
ਕੋਰਟ ਨੰ:122, ਐੱਮ.ਜੀ.ਕੰਪਲੈਕਸ,
ਜ਼ਿਲ੍ਹਾ ਅਦਾਲਤਾਂ, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ,
ਪੰਜਾਬੀ ਯੂਨੀਵਰਸਿਟੀ, ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2468/2019**

**ਹਾਜ਼ਰ:-** 1) ਅਪੀਲਕਰਤਾ ਵਲੋਂ ਕੋਈ ਨਹੀ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-04-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ,ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਪਤਨੀ ਕੁਲਵਿੰਦਰ ਕੋਰ ਦੇ ਬੀ.ਲਿਬ ਦੀ ਪ੍ਰਿਖਿਆ ਦੇ ਪੇਪਰ ।। ਦੀ ਰੀਚੈਕਿੰਗ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-05-19 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 09-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀ ਹੋਇਆ, ਪ੍ਰੰਤੂ ਉਸ ਵਲੋਂ ਈ.ਮੇਲ ਮਿਤੀ 14-09-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸਚਿਤ ਕਰਦੇ ਹੋਏ ਇਹ ਵੀ ਦਸਿਆ ਗਿਆ ਹੈ ਕਿ ਉਸਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:6876-ਐਸ-।।/444-19/ਆਰ.ਟੀ.ਆਈ. ਸੈੱਲ, ਮਿਤੀ 12-09-2019, ਜਿਸ ਦਾ ਇਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵਿਸਥਾਰ-ਪੂਰਵਕ ਵੇਰਵਾ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਨੰ:3543/ਐਸ-।।/444-19/ਆਰ.ਟੀ.ਆਈ. ਸੈੱਲ, ਮਿਤੀ 09-05-2019 ਅਤੇ ਪੱਤਰ ਨੰ:4331/ਐਸ-।।/444-19/ਆਰ.ਟੀ.ਆਈ. ਸੈੱਲ, ਮਿਤੀ 13-06-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਹ ਵੀ ਦਸਿਆ ਗਿਆ ਹੈ ਕਿ ਮਾਣਯੋਗ ਸੁਪਰੀਮ ਕੋਰਟ ਵਲੋਂ CBSE Vs Aditya Bandopadhyay (SLP (C) No. 7526/2009 ਵਿਚ ਕੀਤੇ ਗਏ ਫੈਸਲੇ ਅਨੁਸਾਰ evaluated ਉੱਤਰ ਕਾਪੀ ਸਿਰਫ ਪ੍ਰਿਖਿਆਰਥੀ/ਉਮੀਦਵਾਰ ਨੂੰ ਹੀ ਦਿੱਤੀ ਜਾ ਸਕਦੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ।
-------ਉੱਤਰਦਾਤਾ

**ਅਪੀਲ ਕੇਸ ਨੰ:2481/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸ਼ਰਨਜੀਤ ਸਿੰਘ, ਕਲਰਕ (95010 27909)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-04-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2019 ਤੋਂ ਲੈ ਕੇ ਮਿਤੀ ਅੰਤ ਤੱਕ ਬਣਾਏ ਗਏ ਲਰਨਿੰਗ ਡਰਾਇਵਿੰਗ ਲਾਇਸੰਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸ਼ਰਨਜੀਤ ਸਿੰਘ, ਕਲਰਕ ਨੇ ਪੱਤਰ ਨੰ: 283-84/ਐਮ.ਸੀ. 1/2,, ਮਿਤੀ 12-09-2019 ਜਿਸਦਾ ਇਕ ਉਤਾਰਾ ਅਪੀਲਕਰਤਾ ਨੂੰ ਪਿੱਠ ਅੰਕਤ ਕੀਤਾ ਹੋਇਆ ਹੈ, ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਪੱਤਰ ਨੰ: 279/ਐਮ.ਸੀ. 1/2, ਮਿਤੀ 10-05-2019 ਅਤੇ ਪੱਤਰ ਨੰ: 206/ਐਮ.ਸੀ. 1/2,, ਮਿਤੀ 10-06-2019 ਰਾਹੀ ਪਹਿਲਾਂ ਹੀ ਭੇਜੀ ਜਾ ਚੁੰਕੀ ਹੈ। ਹਾਜਰ ਉਤਰਦਾਤਾ ਵਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਵਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸਟੀ ਪ੍ਰਗਟਾਈ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹਇਆ ਕਰਵਾਈ ਜਾ ਚੁੱਕੀ ਹੈ, ਜਿਸ ਤੇ ਅਪੀਲਕਰਤਾ ਵਲੋਂ ਸੰਤੁਸ਼ਟੀ ਪ੍ਰਗਟਾਈ ਗਈ ਹੈ।ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ, ਡਿਪਟੀ ਕਮਿਸ਼ਨਰ, ਰੂਪਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ, ਡਿਪਟੀ ਕਮਿਸ਼ਨਰ, ਰੂਪਨਗਰ। -------ਉੱਤਰਦਾਤਾ

**ਅਪੀਲ ਕੇਸ ਨੰ:2483/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸ੍ਰੀਕਾਂਤ, ਕਲਰਕ (98884 97183)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-04-2019, ਲੋਕ ਸੂਚਨਾ ਅਧਿਕਾਰੀ ਦਫਤਰ, ਡਿਪਟੀ ਕਮਿਸ਼ਨਰ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਬ ਰਜਿਸਟਰਾਰ-ਕਮ-ਤਹਸੀਲਦਾਰ, ਮੋਰਿੰਡਾ ਸ੍ਰੀ ਰਾਮ ਕ੍ਰਿਸ਼ਨ ਅਤੇ ਰਜਿਸਟਰੀ ਕਲਰਕ, ਸ੍ਰੀ ਜਗਰੂਪ ਸਿੰਘ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸ੍ਰੀਕਾਂਤ, ਕਲਰਕ ਹਾਜ਼ਰ ਹੋਇਆ। ਪੇਸ਼ੀ ਤੇ ਹਾਜਰ ਅਪੀਲਕਰਤਾ ਨੇ ਇਹ ਕੇਸ ਵਾਪਿਸ ਲੈਣ ਲਈ ਬੇਨਤੀ ਕੀਤੀ ਹੈ।

3. ਅਪੀਲਕਰਤਾ ਵਲੋਂ ਇਹ ਕੇਸ ਵਾਪਿਸ ਲੈਣ ਕਾਰਨ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਡੀ.ਐੱਸ. ਢਿੱਲੋ
192- ਸੀ, ਰਾਜਗੁਰੂ ਨਗਰ,
ਲੁਧਿਆਣਾ - 141012 -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜੈਨਕੋ ਅਲੂਮਨੀ ਐਸੋਸ਼ਿਏਸ਼ਨ,
ਮਾਰਫਤ, ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ
ਦਫਤਰ ਜੈਨਕੋ ਅਲੂਮਨੀ ਐਸੋਸ਼ਿਏਸ਼ਨ,
ਮਾਰਫਤ, ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 2495/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-03-2019, ਲੋਕ ਸੂਚਨਾ ਅਧਿਕਾਰੀ ਦਫਤਰ ਜੈਨਕੋ ਅਲੂਮਨੀ ਐਸੋਸ਼ਿਏਸ਼ਨ,ਮਾਰਫਤ, ਗੁਰੂ ਨਾਨਕ ਦੇਵ ਇੰਜੀਨਿਅਰਿੰਗ ਕਾਲਿਜ,ਲੁਧਿਆਣਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਜੈਨਕੋ ਅਲੂਮਨੀ ਐਸੋਸ਼ਿਏਸ਼ਨ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 10-7-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪ੍ਰੰਤੂ ਲੋਕ ਸੂਚਨਾ ਅਧਿਕਾਰੀ ਵਲੋ ਆਪਣੇ ਪੱਤਰ ਨੰ: ਆਰ.ਟੀ.ਆਈ/04 ਮਿਤੀ 02-09-2019 ਜਿਸ ਦੀ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਰਾਹੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵਲੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਭੇਜੀ ਜਾ ਚੁੱਕੀ ਹੈ।

3. ਉਤਰਦਾਤਾ ਵਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀ ਹੋਇਆ ਅਤੇ ਨਾ ਹੀ ਨਾ ਹਾਜਰ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 15-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਐੱਸ.ਪੀ. ਗੋਇਲ (9820239110)
2- ਸੀ, ਸਰਾਬਾ ਨਗਰ ,ਨਵ ਦੁਰਗਾ
ਮੰਦਰ/ ਗੁਰੂਦਵਾਰਾ ਰੋਡ, ਲੁਧਿਆਣਾ । ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ ਐਂਡ ਐਕਸਪੋਰਟ
ਕਾਰਪੋਰੇਸ਼ਨ ਲਿਮਿਟਿਡ ਸੈਕਟਰ 17,ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 610/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-05-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਸਕੇਲ ਇੰਡਸਟਰੀਜ ਐਂਡ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਸੈਕਟਰ 17,ਚੰਡੀਗੜ੍ਹ, ਨੂੰ ਪੇਸ਼ ਕੀਤਾ ਸੀ, ਜਿਸ ਰਾਹੀਂ ਉਸ ਨੇ ਪ੍ਰਾਪਰਟੀ ਨੰ: ਬੀ-49, ਫੋਕਲ ਪੁਆਇੰਟ, ਲੁਧਿਆਣਾ ਦੇ ਵਿਰੁੱਧ ਰੁ: 2,73,31,160/- ਦੀ ਡਿਮਾਂਡ ਨਾਲ ਸਬੰਧਤ ਇੰਨਕਮ ਟੈਕਸ ਵਿਭਾਗ ਦੇ ਪੱਤਰ ਨੰ: 414 ਮਿਤੀ 28-03-2019 ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-7-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ, ਪ੍ਰੰਤੂ ਉਸ ਵਲੋਂ ਆਪਣੇ ਪੱਤਰ ਨੰ:ਐਸ-1367 (Q ) (1) /JS /1624 ਮਿਤੀ 29-08-2019 ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਸ ਕੇਸ ਦੀ ਸੁਣਵਾਈ ਵੀਡਿਓ ਕਾਂਨਫਰੰਸ ਰਾਹੀਂ ਕਰਨ ਦੀ ਬੇਨਤੀ ਕੀਤੀ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਇਹ ਮਾਮਲਾ ਵੀਡਿਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਖ਼ੁੱਦ ਜਾਂ ਆਪਣੇ ਕਿਸੇ ਅਧਿਕਾਰਿਤ ਨੁਮਾਇੰਦੇ ਰਾਹੀਂ ਕਮਿਸ਼ਨ ਵਿਖੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ ਅਰਜ਼ੀ ਮੁਤਾਬਿਕ ਆਰ.ਟੀ.ਐਕਟ, 2005, ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 15-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਲੇਟ ਸ਼੍ਰੀ ਪ੍ਰੇਮ ਸਾਗਰ,
ਛੜਿਆਂ ਮੁਹੱਲਾ (Charrian Mohala) ,
ਰਾਜਾ ਰਾਮ ਗਲੀ ਸੁਨਾਮ ਜਿਲਾ ਸੰਗਰੂਰ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਸੁਨਾਮ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਮਿੰਨੀ ਸਕੱਤਰੇਤ,
ਪਟਿਆਲਾ।

**(ਰਜਿਸਟਰਡ)** ਸ਼੍ਰੀ ਸੰਜੈ ਬਾਂਸਲ, ਕਾਰਜ ਸਾਧਕ ਅਫਸਰ-ਕਮ-
ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਸੁਨਾਮ ਜ਼ਿਲ੍ਹਾ ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:1942/ 2019**

**ਹਾਜ਼ਰ:-** 1) ਸ਼੍ਰੀ ਅਨੁਰਾਗ ਗੁਪਤਾ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਮਿਤੀ, 21-08-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 28-01-2019 ਸਬੰਧੀ ਲਗਭੱਗ 07 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਸੀ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਕਰਕੇ ਸ਼੍ਰੀ ਸੰਜੈ ਬਾਂਸਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨਗਰ ਕੌਂਸਿਲ, ਸੁਨਾਮ, ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰਦੇ ਹੋਏ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਕਿ ਉਸ ਨੂੰ ਅਜੇ ਤੱਕ ਕੋਈ ਸੂਚਨਾ ਪ੍ਰਾਪਤ ਨਹੀਂ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1942/ 2019

ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਸ਼੍ਰੀ ਸੰਜੈ ਬਾਂਸਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ ਨਗਰ ਕੌਂਸਿਲ, ਸੁਨਾਮ, ਅੱਜ ਫਿਰ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਉਨ੍ਹਾਂ ਵੱਲੋਂ ਕਾਰਨ-ਦੱਸੋ ਨੋਟਿਸ ਦਾ ਜਵਾਬ ਹੀ ਪੇਸ਼ ਕੀਤਾ ਗਿਆ ਹੈ।ਸਬੰਧਤ ਅਧਿਕਾਰੀ ਨੂੰ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਹਲਫੀਆ-ਬਿਆਨ ਰਾਹੀਂ ਕਾਰਨ-ਦੱਸੋ ਨੋਟਿਸ ਦਾ ਜਵਾਬ ਪ੍ਰੇਸ ਕਰਨ ਲਈ ਆਖਰੀ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 15-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 16 **ਸਤੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਮੋਨਿਕਾ ਗਰਗ ਪਤਨੀ ਸ਼੍ਰੀ ਪੁਨੀਤ ਗਰਗ, (95308-70140)
# 114 ਗਲੀ ਨੰ:3, ਮੁਬਾਰਕ ਕਲੋਨੀ,
ਸੰਗਰੂਰ-148001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਰੂਪਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 2092/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਵਿੰਦਰ ਪਾਲ ਸਿੰਘ, ਲੇਖਾਕਾਰ (99158-90438)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-02-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰੂਪਨਗਰ ਜ਼ਿਲ੍ਹੇ ਵਿੱਚ ਮੌਜੂਦ ਸਾਰੇ ਪਿੰਡਾਂ ਦੇ ਨਾਵਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਜ਼ਨਾ ਦਾ ਸਬੰਧ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ ਦੇ ਦਫਤਰ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਰੂਪਨਗਰ ਵੱਲੋਂ ਆਪਣੇ ਪੱਤਰ ਨੰ:53-2019/ਆਰ.ਟੀ.ਆਈ./194-95, ਮਿਤੀ 12-02-2019 ਰਾਹੀਂ ਅਪੀਲਕਰਤਾ ਦਾ ਬਿਨੈ ਪੱਤਰ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 26-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 26-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਈ.ਮੇਲ, ਮਿਤੀ 26-08-2019 ਰਾਹੀਂ ਪੱਤਰ ਨੰ:2465-2466/ਡੀ.ਏ. / ਸੀ.ਡੀ.-2, ਮਿਤੀ 06-08-3019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਦੀ ਦਫ਼ਤਰੀ ਕਾਪੀ ਦੀ ਕਾਪੀ ਭੇਜਦੇ ਹੋਏ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਸਬੰਧਤ ਪੱਤਰ ਡਾਕ ਰਾਹੀਂ ਵੀ ਕਮਿਸ਼ਨ ਨੂੰ ਪਹਿਲਾਂ ਹੀ ਭੇਜਿਆ ਹੋਇਆ ਸੀ। ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਗਈ ਸੀ। ਇਸ ਹਦਾਇਤ ਦੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2092/2019

ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਵਿੰਦਰ ਪਾਲ ਸਿੰਘ, ਲੇਖਾਕਾਰ ਨੇ ਕਿਹਾ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ।

4. ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 26-08-2019 ਮੁਤਾਬਿਕ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਜਾਂ ਕਮਿਸ਼ਨ ਨੂੰ ਸੂਚਿਤ ਨਹੀਂ ਕੀਤਾ ਗਿਆ ਜਿਸ ਤੋਂ ਇਹ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰ ਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 16 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਵੇਕ ਮਾਰਕੰਡਾ,
ਮਕਾਨ ਨੰ:12, ਟੀਚਰ ਕਲੌਨੀ,
ਨਵਾਂ ਸ਼ਹਿਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਕੰਪਨੀਜ਼, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 405/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਜੀਤ, ਜੇ.ਟੀ. (98712-59640)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 26-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪਰਮਜੀਤ, ਜੇ.ਟੀ. ਨੇ ਕਿਹਾ ਸੀ ਕਿ ਉਨ੍ਹਾਂ ਨੂੰ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਪ੍ਰਾਪਤ ਨਹੀਂ ਹੋਈ ਸੀ ਅਤੇ ਨਾ ਹੀ ਕਮਿਸ਼ਨ ਦਾ ਨੋਟਿਸ ਪ੍ਰਾਪਤ ਹੋਇਆ ਸੀ ਅਤੇ ਉਨ੍ਹਾਂ ਵੱਲੋਂ ਕਮਿਸ਼ਨ ਕੋਲੋਂ ਦਸਤੀ ਨੋਟਿਸ ਅਤੇ ਆਰ.ਟੀ.ਆਈ. ਦੀ ਕਾਪੀ ਪ੍ਰਾਪਤ ਕਰਨ ਉਪਰੰਤ ਆਪਣੇ ਪੱਤਰ ਨੰ:Roc/CHD.RTI/1476, ਮਿਤੀ 22-08-2019 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਸ ਪੱਤਰ ਦੀ ਦਫ਼ਤਰੀ ਕਾਪੀ ਵੀ ਪੇਸ਼ ਕੀਤੀ ਗਈ ਸੀ ਜੋ ਕਿ ਮਿਸਲ ਤੇ ਰੱਖ ਲਈ ਗਈ ਸੀ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪਰਮਜੀਤ, ਜੇ.ਟੀ. ਨੇ ਆਪਣੇ ਲਿਖਤੀ ਬਿਆਨ, ਮਿਤੀ 16-09-2019 ਰਾਹੀਂ ਕਿਹਾ ਹੈ ਕਿ ਉਨ੍ਹਾਂ ਨੂੰ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਪ੍ਰਾਪਤ ਨਹੀਂ ਹੋਈ ਸੀ ਅਤੇ ਕਮਿਸ਼ਨ ਦੇ ਨੋਟਿਸ ਪ੍ਰਾਪਤ ਹੋਣ ਤੋਂ ਬਾਅਦ ਇਸ ਕੇਸ ਬਾਰੇ ਪਤਾ ਚੱਲਿਆ ਸੀ ਅਤੇ ਉਨ੍ਹਾਂ ਵੱਲੋਂ ਕਮਿਸ਼ਨ ਕੋਲੋਂ ਦਸਤੀ ਆਰ.ਟੀ.ਆਈ. ਅਰਜ਼ੀ ਦੀ ਕਾਪੀ ਪ੍ਰਾਪਤ ਕਰਨ ਉਪਰੰਤ ਸਮੇਂ ਸਿਰ ਉਸ ਦਾ ਜਵਾਬ ਭੇਜ ਦਿੱਤਾ ਗਿਆ ਸੀ ਪਰੰਤੂ ਸ਼ਿਕਾਇਤਕਰਤਾ ਕੋਲੋਂ ਇਸ ਸਬੰਧੀ ਕੋਈ ਵੀ ਇਤਰਾਜ਼ ਪ੍ਰਾਪਤ ਨਹੀਂ ਹੋਇਆ। ਇਸ ਲਈ ਹਾਜ਼ਰ ਉੱਤਰਦਾਤਾ ਨੇ ਇਸ ਕੇਸ ਨੂੰ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦਾ ਲਿਖਤੀ ਬਿਆਨ, ਮਿਤੀ 16-09-2019 ਮਿਸਲ ਤੇ ਰੱਖ ਲਿਆ ਗਿਆ ਹੈ

3. ਸ਼ਿਕਾਇਤਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੇ ਪੱਤਰ ਮਿਤੀ 21-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਵੱਲੋਂ ਪੱਤਰ ਨੰ:1476, ਮਿਤੀ 22-08-2019 ਰਾਹੀਂ ਮੰਗੀ ਗਈ ਸੂਚਨਾ ਦੇਣ ਦੀ ਬਜਾਏ ਗੁੰਮਰਾਹ ਕੀਤਾ ਗਿਆ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਕੇ 25,000/-ਰੁਪਏ ਦੀ ਪਨੈਲਟੀ ਪਾਉਣ ਅਤੇ ਮਆਵਜ਼ੇ ਲਈ ਬੇਨਤੀ ਕੀਤੀ ਗਈ ਹੈ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਵੱਲੋਂ ਇਸ ਕੇਸ ਦੀ ਸੁਣਵਾਈ ਵੀਡਿਓ ਕਾਰਨਫਰੰਸ ਰਾਹੀਂ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ।

4. ਸ਼ਿਕਾਇਤਕਰਤਾ ਵੱਲੋਂ ਕੇਵਲ ਇਹ ਕਿਹਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਮੰਗੀ ਗਈ ਸੂਚਨਾ ਦੇਣ ਦੀ ਬਜਾਏ ਗੁੰਮਰਾਹ ਕੀਤਾ ਗਿਆ ਹੈ ਪਰੰਤੂ ਉਸ ਵੱਲੋਂ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਸੂਚਨਾ ਵਿੱਚ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:**405/2019

ਕਿਹੜੀਆਂ-ਕਿਹੜੀਆਂ ਤਰੁੱਟੀਆਂ ਹਨ, ਜੋ ਕਿ ਵਾਜਿਬ ਨਹੀਂ ਹੈ। ਇਸ ਤਰ੍ਹਾਂ ਇਹ ਮਾਮਲਾ ਵੀਡਿਓ ਕਾਨਫਰੰਸ ਰਾਹੀਂ ਸੁਲਝਣ ਵਾਲਾ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਖ਼ੁੱਦ ਜਾਂ ਆਪਣੇ ਕਿਸੇ ਅਧਿਕਾਰਿਤ ਨੁਮਾਇੰਦੇ ਰਾਹੀਂ ਕਮਿਸ਼ਨ ਵਿਖੇ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਅਗਲੀ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ** 15-10-2019 **ਨੂੰ ਸਵੇਰੇ** 11-30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 16 **ਸਤੰਬਰ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:1710/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 28-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਵਿੰਦਰ ਸਿੰਘ, ਡਾਟਾ ਐਂਟਰੀ ਓਪਰੇਟਰ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਮਿਤੀ 02-05-2019 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਸੀ ਕਿ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਪਰੰਤੂ ਉੱਤਰਦਾਤਾ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਅਰਜ਼ੀ ਮਿਤੀ 15-02-2019 ਸਬੰਧੀ ਸੂਚਨਾ ਨਿਰਧਾਰਿਤ ਸਮੇਂ ਅੰਦਰ ਭਾਵ 30 ਦਿਨਾਂ ਦੇ ਅੰਦਰ ਅਪੀਲਕਰਤਾ ਨੂੰ ਨਾ ਭੇਜ਼ ਕੇ ਆਰ.ਟੀ.ਆਈ ਐਕਟ, 2005 ਦੀ ਉਲੰਘਣਾ ਕੀਤੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਫੰਡ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ/ਬੈਂਕ ਡਰਾਫਟ ਦੀ ਕਾਪੀ ਪੇਸ਼ੀ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 16-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਪ੍ਰਾਪਤ ਨਹੀਂ ਹੋਇਆ।

3. ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਥਾਰਟੀ, ਮਾਨਸਾ ਨੇ ਈ.ਮੇਲ, ਮਿਤੀ 16-09-2019 ਰਾਹੀਂ ਭੇਜੇ ਗਏ ਪੱਤਰ ਨੰ:110, ਮਿਤੀ 16-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦਾ ਡਿਮਾਂਡ ਡਰਾਫਟ ਬਣਾ ਕੇ ਅਪੀਲਕਰਤਾ ਨੂੰ ਭੇਜ ਦਿੱਤਾ ਗਿਆ ਹੈ। ਇਸ ਦੇ ਸਬਤ ਵਜੋਂ ਉਨ੍ਹਾਂ ਵੱਲੋਂ ਡਿਮਾਂਡ ਡਰਾਫਟ ਦੀ ਕਾਪੀ ਵੀ ਭੇਜੀ ਗਈ ਹੈ।

4. ਅਪੀਲਕਰਤਾ ਵੱਲੋਂ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਪ੍ਰਾਪਤ ਕਰਨ ਦੀ ਪੁਸ਼ਟੀ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੋਕ ਕੁਮਾਰ, (9592002002)
ਬੀ-70, ਸੈਕਟਰ 14,
ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਐੱਸ.ਡੀ.ਕਾਲਿਜ, ਦੀਪ ਨਗਰ ,
ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਐੱਸ.ਡੀ.ਕਾਲਿਜ ਦੀਪ ਨਗਰ ,
ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 2118/2019**

**ਹਾਜ਼ਰ:-**

1) ਸ਼੍ਰੀ ਅਸ਼ੋਕ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਸ਼ਾਂਤ ਸੇਠੀ, ਸਹਾਇਕ ਪ੍ਰੋਫੈਸਰ (98721-04467)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-02-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਐੱਸ.ਡੀ.ਕਾਲਿਜ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ 31-12-2018 ਤੱਕ ਵਿਦੇਸ਼ ਜਾਣ ਲਈ ਇਤਰਾਜ਼-ਹੀਣਤਾ ਸਰਟੀਫਿਕੇਟ ਲੈਣ ਵਾਸਤੇ ਪ੍ਰਾਰਥੀਆਂ (ਰੈਗੂਲਰ, ਐਡ-ਹਾਕ, ਆਰਜ਼ੀ) ਕੋਲੋਂ ਪ੍ਰਾਪਤ ਹੋਈਆਂ ਅਰਜ਼ੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਪ੍ਰਸ਼ਾਂਤ ਸੇਠੀ, ਸਹਾਇਕ ਪ੍ਰੋਫੈਸਰਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਆਰ.ਟੀ.ਆਈ. ਐਕਟ, 2005 ਦੀ ਧਾਰਾ 8(1) (ਜੇ) ਤਹਿਤ ਦੇਣ ਤੋਂ ਛੋਟ ਹੈ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:630/2019, ਮਿਤੀ 11-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਕਿ ਵਿਦੇਸ਼ ਜਾਣ ਵਾਲੇ ਲਗਭੱਗ ਸਾਰੇ ਕਰਮਚਾਰੀਆਂ ਵੱਲੋਂ ਉਨ੍ਹਾਂ ਦੀ ਜਾਣਕਾਰੀ ਡਿਸਕਲੋਜ਼ ਕਰਨ ਤੋਂ ਮਨ੍ਹਾਂ ਕੀਤਾ ਗਿਆ ਹੈ। ਉੱਤਰਦਾਤਾ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਐਸ.ਡੀ.ਸੀ. 546/2019, ਮਿਤੀ 17-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ।

3. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਹ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੇ ਜਵਾਬ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਹਰਪ੍ਰੀਤ ਕੋਰ, (9256410049)
ਪੁੱਤਰੀ ਸ਼੍ਰੀ ਅਵਤਾਰ ਸਿੰਘ,
ਪਿੰਡ ਧਲੇਰ ਕਲਾਂ, ਡਾਕਖਾਨਾ ਪੋਸਟ ਝਨੇਰ ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ.,
ਪੁਲਿਸ ਥਾਣਾ,ਸਾਹਨੇਵਾਲ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 1659/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਵਜੀਰ ਸਿੰਘ, ਹੈਡ ਕੰਸਟੇਬਲ (99150-00301)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਐਸ.ਐਚ.ਓ., ਪੁਲਿਸ ਥਾਣਾ,ਸਾਹਨੇਵਾਲ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਫ.ਆਈ.ਆਰ. ਨੰ:360, ਮਿਤੀ 28-10-2018 ਸਬੰਧੀ ਮਿਤੀ 27-11-2018 ਦਿੱਤੀ ਗਈ ਆਪਣੀ ਦਰਖਾਸਤ ਯੂ.ਆਈ.ਡੀ. ਨੰ:1468484 ਤੇ ਹੋਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 31-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਨੇ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 15-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਤੇ ਹਾਜ਼ਰ ਹੋਣ ਤੋਂ ਪੱਕੇ ਤੌਰ ਤੇ ਛੋਟ ਦੇਣ ਲਈ ਬੇਨਤੀ ਕੀਤੀ ਹੈ।ਇਸ ਤੋਂ ਇਲਾਵਾ ਉਸ ਵੱਲੋਂ ਮੁਕੰਮਲ ਸੂਚਨਾ ਰਜਿਸਟਰਡ ਡਾਕ ਰਾਹੀਂ ਜਲਦੀ ਮੁਹੱਈਆ ਕਰਾਉਣ, ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਲਈ ਵੀ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਅਤੇ ਸ਼੍ਰੀ ਵਜੀਰ ਸਿੰਘ, ਹੈਡ ਕੰਸਟੇਬਲ ਨੇ ਕਿਹਾ ਕਿ ਉਨ੍ਹਾਂ ਵੱਲੋਂ ਮਿਤੀ 05-08-2019 ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜ਼ਾ ਚੁੱਕੀ ਹੈ। ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਦੀ ਕਾਪੀ ਕਮਿਸ਼ਨ ਨੂੰ ਵੀ ਪੇਸ਼ ਕੀਤੀ ਹੈ ਜੋ ਕਿ ਮਿਸਲ ਰੱਖ ਲਈ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਕਮਿਸ਼ਨ ਨੂੰ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਕਵਰਿੰਗ ਪੱਤਰ ਲਗਾ ਕੇ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਰਜਿਸਟਰੀ ਦੀ ਰਸੀਦ ਸਹਿਤ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 16 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ,
ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,
ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ। ---------ਉੱਤਰਦਾਤਾ

**ਅਪੀਲ ਕੇਸ ਨੰ: 1832/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ (94171-88131)।

**ਹਕਮ:**

ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਮਰਜੀਤ ਸਿੰਘ, ਸੁਪਰਡੰਟ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਆਪਣੇ ਲਿਖਤੀ ਬਿਆਨ, ਮਿਤੀ 04-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਵੱਲੋਂ ਮਿਤੀ 04-09-2019 ਨੂੰ ਸੁਸਾਇਟੀ ਨੰ:445/2000 ਦਰਸਾਇਆ ਗਿਆ ਸੀ। ਉਨ੍ਹਾਂ ਦੇ ਦਫ਼ਤਰੀ ਰਿਕਾਰਡ ਮੁਤਾਬਿਕ 445/1999-2000 ਇੰਡੈਕਸ ਰਜਿਸਟਰ ਮੁਤਾਬਿਕ ਸੰਜੀਵਨੀ ਮਹਿਲਾ ਵਿਕਾਸ ਸੁਸਾਇਟੀ SJ5RY ਬਸਤੀ ਅਬਾਦਪੁਰ, ਜਲੰਧਰ ਨਾਮ ਰਜਿਸਟਰਡ ਹੈ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਜਦੋਂ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦਾ ਰਜਿਸਟਰੇਸ਼ਨ ਨੰ: ਅਤੇ ਸਾਲ ਦਰਸਾ ਦਿੱਤਾ ਜਾਵੇਗਾ ਤਾਂ ਉਸ ਨੂੰ ਸੂਚਨਾ ਸਪਲਾਈ ਕਰ ਦਿੱਤੀ ਜਾਵੇਗੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਲਿਖਤੀ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਈ.ਮੇਲ, ਮਿਤੀ 16-09-2019 ਰਾਹੀਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਮੰਗ ਅਨੁਸਾਰ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਪੰਜਾਬ ਲਾਈਵਸਟੋਕ ਡਿਵੈਲਪਮੈਂਟ ਬੋਰਡ ਦੇ ਰਜਿਸਟਰੇਸ਼ਨ ਨੰ: ਅਤੇ ਸਾਲ ਬਾਰੇ ਸੂਚਿਤ ਕਰਨ ਉਪਰੰਤ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਨੋਦ ਗਪਤਾ, (94171-52218)
ਮਕਾਨ ਨੰ:88, ਚੰਡੀਗੜ੍ਹ ਰੋਡ,
ਸਮਰਾਲਾ ਚੌਕ, ਲੁਧਿਆਣਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:401/2019**

**ਹਾਜ਼ਰ:-**

1) ਸ਼੍ਰੀ ਵਿਨੋਦ ਗਪਤਾ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੀਤ ਸਿੰਘ ਜੂਨੀਅਰ ਸਹਾਇਕ (94173-76731) ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ, ਸ਼੍ਰੀ ਸੁਨੀਲ ਕੁਮਾਰ, ਐਸ.ਡੀ.ਸੀ (98728-18390) ਅਤੇ ਸ਼੍ਰੀ ਬੱਗਾ ਸਿੰਘ, ਪੰਚਾਇਤ ਸਕੱਤਰ (98789-41306)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 03-12-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਸ਼ਿਕਾਇਤ ਨੰ:2122, ਮਿਤੀ 20-11-2017 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 25-04-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-06-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 31-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਮੀਤ ਸਿੰਘ ਜੂਨੀਅਰ ਸਹਾਇਕ ਨੇ ਪੱਤਰ ਨੰ:8677-78/ਸੀਏਸੀ/3, ਮਿਤੀ 26-12-2018 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸਮੇਂ ਸਿਰ ਜਵਾਬ ਭੇਜਦੇ ਹੋਏ ਸੂਚਿਤ ਕੀਤਾ ਗਿਆ ਸੀ ਕਿ ਉਸ ਦੀ ਅਸਲ ਦਰਖਾਸਤ ਉਨ੍ਹਾਂ ਦੇ ਪਿੱਠ-ਅੰਕਣ ਨੰ:6568/ਸੀਈ.ਏ/3, ਮਿਤੀ 21-11-2017 ਰਾਹੀਂ ਕਮਿਸ਼ਨਰ, ਨਗਰ ਨਿਗਮ, ਲੁਧਿਆਣਾ ਨੂੰ ਭੇਜ਼ ਕੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕਰਕੇ ਸ਼ਿਕਾਇਤਕਰਤਾ ਨੂੰ ਸੂਚਿਤ ਕਰਨ ਲਈ ਲਿਖਿਆ ਗਿਆ ਸੀ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 03-12-2018 ਦਾ ਜਵਾਬ ਨਿਰਧਾਰਿਤ ਸਮੇਂ ਅੰਦਰ, ਭਾਵ ਮਿਤੀ 26-12-2018 ਨੂੰ ਭੇਜ ਦਿੱਤਾ ਗਿਆ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 16 ਸਤੰਬਰ, 2019.**